# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-02-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰੇਲਵੇ ਮੰਤਰਾਲੇ ਨੇ ਪਟਿਆਲਾ ਜ਼ਿਲ੍ਹੇ ਦੇ ਕੌਲੀ ਤੋਂ ਸਰਾਏ ਬੰਜਾਰਾ ਨੂੰ ਜੋੜਨ ਵਾਲੀ ਇੱਕ ਨਵੀਂ ਬਾਈਪਾਸ ਲਾਈਨ ਦੇ ਨਿਰਮਾਣ ਲਈ ਅੰਤਿਮ ਸਥਾਨ ਸਰਵੇਖਣ ਨੂੰ ਮਨਜ਼ੂਰੀ ਦਿੱਤੀ।
- ਫ਼ਸਲ ਖ਼ਰੀਦ ਸੰਬਧੀ ਮੰਤਰੀ ਸਮੂਹ ਨੇ ਆਉਂਦੇ ਕਣਕ ਸੀਜ਼ਨ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ- ਅਧਿਕਾਰੀਆਂ ਨੂੰ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼।
- ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵਲੋਂ ਹੋਲਾ-ਮੁਹੱਲਾ ਜਸ਼ਨਾਂ ਵਿਚ ਇਕੋ ਵਾਰ ਇਸਤੇਮਾਲ ਹੋਣ ਵਾਲੇ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਦੀ ਅਪੀਲ ।

• ਜਲੰਧਰ ਦੇ ਪੀ.ਏ.ਪੀ. ਕੰਪਲੈਕਸ ਵਿਖੇ ਮੁੱਖ ਮੰਤਰੀ ਪਾਸਿੰਗ ਆਊਟ ਪਰੇਡ ਤੋਂ ਲਈ ਸਲਾਮੀ - 2 ਹਜ਼ਾਰ 577 ਜਵਾਨ ਪੰਜਾਬ ਪੁਲਿਸ ਵਿੱਚ ਸ਼ਾਮਲ ਹੋਏ।

ਅਤੇ

• ਪੰਜਾਬ ਪੁਲਿਸ ਨੇ ਗੁਰਦਾਸਪੁਰ ਵਿਚ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਮਾਮਲੇ 'ਚ ਇੱਕ ਮੁਲਜ਼ਮ ਨੂੰ ਮੁਕਾਬਲੇ ਦੌਰਾਨ ਮਾਰ ਮੁਕਾਇਆ -ਇਕ ਹੋਰ ਨੂੰ ਕੀਤਾ ਗ੍ਰਿਫ਼ਤਾਰ।

---

ਰੇਲਵੇ ਮੰਤਰਾਲੇ ਨੇ ਪਟਿਆਲਾ ਜ਼ਿਲ੍ਹੇ ਦੇ ਕੌਲੀ ਤੋਂ ਸਰਾਏ ਬੰਜਾਰਾ ਨੂੰ ਜੋੜਨ ਵਾਲੀ ਇੱਕ ਨਵੀਂ ਬਾਈਪਾਸ ਲਾਈਨ ਦੇ ਨਿਰਮਾਣ ਲਈ ਅੰਤਿਮ ਸਥਾਨ ਸਰਵੇਖਣ (FLS) ਨੂੰ ਮਨਜ਼ੂਰੀ ਦੇ ਦਿੱਤੀ ਏ,ਜੋ ਕਿ ਪੰਜਾਬ ਦੇ ਰਾਜਪੁਰਾ ਰੇਲਵੇ ਸਟੇਸ਼ਨ ਨੂੰ ਬਾਈਪਾਸ ਕਰਨ ਲਈ ਤਿਆਰ ਕੀਤੀ ਗਈ ਏ। ਇਹ ਰਣਨੀਤਕ ਵਿਕਾਸ ਖੇਤਰ ਵਿੱਚ ਰੇਲ ਸੰਚਾਲਨ ਨੂੰ ਕਾਫ਼ੀ ਲਾਭ ਪਹੁੰਚਾਏਗਾ। ਕੇਂਦਰੀ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਦਸਿਆ ਕਿ ਕਿ ਬਾਈਪਾਸ ਦੇ ਨਿਰਮਾਣ ਤੋਂ ਬਾਅਦ, ਪਟਿਆਲਾ ਅਤੇ ਲੁਧਿਆਣਾ ਵਿਚਕਾਰ ਚੱਲਣ ਵਾਲੀਆਂ ਰੇਲਗੱਡੀਆਂ ਨੂੰ ਹੁਣ ਰਾਜਪੁਰਾ ਸਟੇਸ਼ਨ ਵਿੱਚ ਦਾਖਲ ਹੋਣ ਦੀ ਲੋੜ ਨਹੀਂ ਰਹੇਗੀ। ਇਸ

ਦੇ ਨਤੀਜੇ ਵਜੋਂ ਸਫ਼ਰ ਦਾ ਸਮਾਂ ਅਤੇ ਭੀੜ ਘੱਟ ਹੋਵੇਗੀ। ਇਹ ਬਾਈਪਾਸ ਪਹਿਲਾਂ ਤੋਂ ਮਨਜ਼ੂਰ ਰਾਜਪੁਰਾ-ਮੁਹਾਲੀ ਰੇਲਵੇ ਲਾਈਨ ਨਾਲ ਇੱਕ ਸਹਿਜ, ਸਿੱਧਾ ਸੰਪਰਕ ਵੀ ਪ੍ਰਦਾਨ ਕਰੇਗਾ, ਜਿਸ ਨਾਲ ਖੇਤਰੀ ਸੰਪਰਕ ਅਤੇ ਕੁਸ਼ਲਤਾ ਵਿੱਚ ਹੋਰ ਵਾਧਾ ਹੋਵੇਗਾ। ਇਹ ਪਹਿਲਕਦਮੀ ਪੰਜਾਬ ਦੇ ਰੇਲਵੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਮੁਸਾਫ਼ਰਾਂ ਅਤੇ ਮਾਲ ਢੋਆ-ਢੁਆਈ ਲਈ ਤੇਜ਼, ਨਿਰਵਿਘਨ ਅਤੇ ਵਧੇਰੇ ਭਰੋਸੇਮੰਦ ਸੇਵਾਵਾਂ ਨੂੰ ਯਕੀਨੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਕਦਮ ਏ।

--------------------------------------------------------------

ਪੰਜਾਬ ਵਿਚ ਫਸਲ ਦੀ ਖ਼ਰੀਦ ਸਬੰਧੀ ਤਿਆਰੀਆਂ ਦੀ ਨਿਗਰਾਨੀ ਲਈ ਕਾਇਮ ਕੀਤੇ ਮੰਤਰੀ ਸਮੂਹ ਨੇ ਅੱਜ ਆਉਣ ਵਾਲੇ ਕਣਕ ਖਰੀਦ ਸੀਜ਼ਨ 2026-27 ਦੀ ਵਿਆਪਕ ਸਮੀਖਿਆ ਕਰਨ ਲਈ ਮੀਟਿੰਗ ਕੀਤੀ। ਇਸ ਵਿਚ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ, ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਆਵਾਜਾਈ ਮੰਤਰੀ ਲਾਲਜੀਤ ਸਿੰਘ ਭੁੱਲਰ ਸ਼ਾਮਿਲ ਨੇ।

ਮੰਤਰੀ ਸਮੂਹ ਨੂੰ ਇਸ ਮੌਕੇ ਦੱਸਿਆ ਗਿਆ ਕਿ ਕਣਕ ਖ਼ਰੀਦ ਸੀਜ਼ਨ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋਣ ਦੀ ਸੰਭਾਵਨਾ ਏ ਅਤੇ ਖੁਰਾਕ, ਸਿਵਲ

ਸਪਲਾਈ ਅਤੇ ਖਪਤਕਾਰ ਮਾਮਲੇ ਵੱਲੋਂ ਵਿਭਾਗ ਲਗਭਗ 132 ਲੱਖ ਮੀਟ੍ਰਿਕ ਟਨ  ਦੀ ਖ਼ਰੀਦ ਕੀਤੀ ਜਾਵੇਗੀ। ਇਸ ਤੋਂ ਇਲਾਵਾ ਘੱਟੋ-ਘੱਟ ਸਮਰਥਨ ਮੁੱਲ  2 ਹਜ਼ਾਰ 585 ਰੁਪਏ ਪ੍ਰਤੀ ਕੁਇੰਟਲ ਨਿਰਧਾਰਿਤ ਕੀਤਾ ਗਿਆ ਏ । ਇਸ ਤੋਂ ਇਲਾਵਾ ਆਉਣ ਵਾਲੇ ਸੀਜ਼ਨ ਦੇ ਸਬੰਧੀ ਕਣਕ ਦੇ ਸੁਰੱਖਿਅਤ ਭੰਡਾਰ ਨੂੰ ਯਕੀਨੀ ਬਣਾਉਣ ਲਈ ਵਿਭਾਗ ਪਲਿੰਥ ਬਣਾਉਣ ਅਤੇ ਚੌਲ ਮਿੱਲਾਂ ਵਿੱਚ ਖਾਲੀ ਥਾਵਾਂ ਦੀ ਵਰਤੋਂ ਕਰਨ ’ਤੇ ਵਿਚਾਰ ਕਰ ਰਿਹਾ ਏ । ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨਾਂ ਨਾਲ ਖਰੀਦ ਪ੍ਰਬੰਧਾਂ ਦੀ ਨਿਯਮਿਤ ਸਮੀਖਿਆ ਕੀਤੀ ਜਾ ਰਹੀ ਏ ।  ਸੀਜ਼ਨ ਦੌਰਾਨ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਲੋੜੀਂਦੀਆਂ ਹੋਰ ਵਸਤਾਂ ਸਬੰਧੀ 3 ਲੱਖ 91 ਹਜ਼ਾਰ 320 ਪਲਾਸਟਿਕ ਦੇ ਕਰੇਟਾਂ ਲਈ ਆਰਡਰ ਜਾਰੀ ਕੀਤੇ ਗਏ ਨੇ ,  ਖਰੀਦ ਪ੍ਰਕਿਰਿਆ ਨਾਲ ਜੁੜੇ ਹਰੇਕ ਭਾਈਵਾਲੀ ਦੀ ਭਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੰਤਰੀ ਸਮੂਹ ਨੇ ਅਧਿਕਾਰੀਆਂ ਨੂੰ ਹਰ ਕਦਮ ’ਤੇ ਪਾਰਦਰਸ਼ਤਾ ਨਾਲ ਨਿਰਵਿਘਨ ਖ਼ਰੀਦ ਸੀਜ਼ਨ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

---------------------------------------------------

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਹੋਲਾ-ਮੁਹੱਲਾ ਜਸ਼ਨਾਂ ਨੂੰ ਇਕੋ ਵਾਰ ਇਸਤੇਮਾਲ ਹੋਣ ਵਾਲੇ ਸਿੰਗਲ-ਯੂਜ਼ ਪਲਾਸਟਿਕ ਤੋਂ ਮੁਕਤ ਬਣਾਉਣ ਲਈ ਇੱਕ ਵਿਸ਼ੇਸ਼ ਪਹਿਲਕਦਮੀ ਸ਼ੁਰੂ ਕੀਤੀ ਏ । ਇਸ ਵਾਤਾਵਰਣ ਅਨੁਕੂਲ ਪਹਿਲਕਦਮੀ ਨੂੰ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵਲੋਂ ਵੀ ਸਮਰਥਨ ਦਿੱਤਾ ਗਿਆ ਏ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਮੈਂਬਰ ਸਕੱਤਰ, ਡਾ. ਲਵਨੀਤ ਕੁਮਾਰ ਦੂਬੇ ਨੇ ਵੇਰਵੇ ਸਾਂਝੇ ਕਰਦੇ ਹੋਏ ਆਕਾਸ਼ਵਾਣੀ ਦੇ ਪੱਤਰਕਾਰ ਨੂੰ ਦੱਸਿਆ । BYTE:RNu250226

ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ ਨੇ ਐਲਾਨ ਕੀਤਾ ਏ ਕਿ ਇਸ ਤਿਉਹਾਰ ਦੌਰਾਨ ਤੇ ਬਾਅਦ 'ਚ ਵੀ ਅਜਿਹੇ ਵੱਡੇ ਧਾਰਮਿਕ ਇਕੱਠਾਂ ਲਈ ਲੰਗਰ ਪ੍ਰਬੰਧਕਾਂ ਨੂੰ ਬਾਇਓਡੀਗ੍ਰੇਡੇਬਲ ਪਲੇਟਾਂ ਤੇ ਕਟੋਰੇ ਮੁਫਤ ਪ੍ਰਦਾਨ ਕੀਤੇ ਜਾਣਗੇ । ਜ਼ਿਕਰਯੋਗ ਏ ਕਿ ਹੋਲਾ-ਮੁਹੱਲਾ 27 ਫਰਵਰੀ ਤੋਂ 3 ਮਾਰਚ ਤੱਕ ਆਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਵਿਖੇ ਮਨਾਇਆ ਜਾ ਰਿਹਾ ਏ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਦੇ ਪੀ.ਏ.ਪੀ. ਗਰਾਊਂਡ ਵਿਖੇ ਪਾਸਿੰਗ ਆਊਟ ਪਰੇਡ ਦੌਰਾਨ 2 ਹਜ਼ਾਰ 577 ਨਵੇਂ ਪੁਲਿਸ ਜਵਾਨਾਂ ਨੂੰ ਰਸਮੀ ਤੌਰ 'ਤੇ ਪੰਜਾਬ ਪੁਲਿਸ ਵਿੱਚ

ਸ਼ਾਮਲ ਕੀਤਾ ।    ‘ਐਕਸ’ ’ਤੇ ਸਮਾਰੋਹ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਜਲੰਧਰ ਵਿੱਚ ਪੰਜਾਬ ਪੁਲਿਸ ਦੀ ਵੱਕਾਰੀ ਪਾਸਿੰਗ-ਆਊਟ ਪਰੇਡ ਵਿੱਚ ਸ਼ਾਮਲ ਹੋਣਾ ਮਾਣ ਵਾਲੀ ਗੱਲ ਸੀ।  ਪੁਲਿਸ ਟ੍ਰੇਨਿੰਗ ਸੈਂਟਰਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵੱਖ-ਵੱਖ ਰੈਂਕਾਂ ਦੇ ਇਨ੍ਹਾਂ ਨਵੇਂ ਭਰਤੀ ਪੁਲਿਸ ਜਵਾਨਾਂ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ, ਫਿਲੌਰ, ਹੁਸ਼ਿਆਰਪੁਰ ਦੇ ਪੁਲਿਸ ਰਿਕਰੂਟ ਟ੍ਰੇਨਿੰਗ ਸੈਂਟਰ, ਜਹਾਨ ਖੇਲਾਂ ਅਤੇ ਇਨ-ਸਰਵਿਸ ਟ੍ਰੇਨਿੰਗ ਸੈਂਟਰ, ਕਪੂਰਥਲਾ ਵਿੱਚ ਸਿਖਲਾਈ ਪ੍ਰਾਪਤ ਕੀਤੀ ਏ । ਨਵ-ਨਿਯੁਕਤਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਨਵ-ਨਿਯੁਕਤ ਜਵਾਨਾਂ ਨੂੰ ਆਪਣੀ ਡਿਊਟੀ ਪੂਰੀ ਲਗਨ, ਸਖ਼ਤ ਮਿਹਨਤ ਅਤੇ ਵਚਨਬੱਧਤਾ ਨਾਲ ਨਿਭਾਉਣ ਲਈ ਕਿਹਾ । ਇਸ ਤੋਂ ਪਹਿਲਾਂ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ  । ਸਮਾਰੋਹ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰੇਡ ਦਾ ਵਿਆਪਕ ਨਿਰੀਖਣ ਕੀਤਾ ਅਤੇ ਕਾਰਵਾਈ ਦੀ ਨਿਗਰਾਨੀ ਕਰ ਰਹੇ ਸੀਨੀਅਰ ਅਧਿਕਾਰੀਆਂ ਨਾਲ ਗੱਲਬਾਤ ਕੀਤੀ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਪੁਲਿਸ ਕੌਮਾਂਤਰੀ ਸਰਹੱਦ ਦੀ ਰਾਖੀ ਲਈ ਡਟ ਕੇ ਪਹਿਰਾ ਦੇ ਰਹੀ ਏ ਅਤੇ  ਮਾਰਚ, 2022 ਤੋਂ

ਲੈ ਕੇ ਹੁਣ ਤੱਕ 12 ਹਜ਼ਾਰ 10 ਤੋਂ ਵੱਧ ਪੁਲਿਸ ਜਵਾਨ ਨਿਯੁਕਤ ਕੀਤੇ ਗਏ । ਸਾਈਬਰ ਅਪਰਾਧ, ਦਹਿਸ਼ਤਗਰਦੀ ਅਤੇ ਨਸ਼ਿਆਂ ਦਾ ਮੁਕਾਬਲਾ ਕਰਨ ਲਈ ਆਰਟੀਫਿਸ਼ੀਅਲ ਇੰਟੈਲੀਜੈਂਸ, ਵਿਸ਼ੇਸ਼ ਤਕਨੀਕੀ ਯੂਨਿਟ ਅਤੇ ਮਜ਼ਬੂਤ ਨਸ਼ਿਆਂ ਵਿਰੋਧੀ ਕਾਰਜ ਬਲ ਸਮੇਤ ਅਤਿ-ਆਧੁਨਿਕ ਕਦਮ ਚੁੱਕੇ ਜਾ ਰਹੇ ਨੇ । ਇਸ ਤੋਂ ਬਾਅਦ ਉਨ੍ਹਾਂ ਨੇ ਨਵ-ਨਿਯੁਕਤ ਪੁਲਿਸ ਜਵਾਨਾਂ ਵੱਲੋਂ ਦਿਖਾਏ ਗਏ ਅਨੁਸ਼ਾਸਨ, ਤਾਲਮੇਲ ਅਤੇ ਉੱਚ ਮਿਆਰਾਂ ਦੀ ਸ਼ਲਾਘਾ ਕਰਦਿਆਂ ਸਲਾਮੀ ਲਈ। ਮੁੱਖ ਮੰਤਰੀ ਨੇ ਸਿਖਿਆਰਥੀਆਂ ਅਤੇ ਕੈਡਿਟਾਂ ਨੂੰ ਪੁਰਸਕਾਰ ਅਤੇ ਪ੍ਰਸ਼ੰਸਾ ਪੱਤਰ ਵੀ ਵੰਡੇ। ਇਸ ਸਮਾਗਮ ਦੌਰਾਨ ਪੰਜਾਬ ਦੇ ਅਮੀਰ ਵਿਰਸੇ ਨੂੰ ਦਰਸਾਉਂਦੀਆਂ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ ।

---------------------------------------------------------

ਪੰਜਾਬ ਪੁਲਿਸ ਨੇ ਪਿਛਲੇ ਬੀਤੇ ਦਿਨੀ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ ਆਦੀਆਂ ਪਿੰਡ ਵਿੱਚ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਮਾਮਲੇ ਨੂੰ ਸੁਲਝਾਉਣ ਵਿੱਚ ਸਫਲਤਾ ਹਾਸਲ ਕਰਦਿਆਂ ਇੱਕ ਮੁਲਜ਼ਮ ਨੂੰ ਮਾਰ ਮੁਕਾਇਆ ਏ ਜਦਕਿ ਇਕ ਹੋਰ ਨੂੰ ਗ੍ਰਿਫ਼ਤਾਰ ਕੀਤਾ ਏ ।

ਉਨ੍ਹਾਂ ਦੋਵਾਂ ਨੂੰ ਆਪਣੇ ਇੱਕ ਹੋਰ ਸਾਥੀ ਨਾਲ ਮਿਲ ਕੇ ਪਾਕਿਸਤਾਨ ਦੀ ਆਈ.ਐਸ.ਆਈ ਨੇ ਪੈਸੇ ਦੇ ਬਦਲੇ ਪੰਜਾਬ ਵਿੱਚ ਪੁਲਿਸ ਮੁਲਾਜ਼ਮਾਂ ਨੂੰ ਮਾਰਨ ਦਾ ਕੰਮ ਸੌਂਪਿਆ ਸੀ। ਉਨ੍ਹਾਂ ਵਿੱਚੋਂ ਦੋ ਨਾਬਾਲਿਗ ਨੇ । ਬਾਰਡਰ ਰੇਂਜ ਪੁਲਿਸ ਦੇ ਡਿਪਟੀ ਇੰਸਪੈਕਟਰ ਜਨਰਲ ਸੰਦੀਪ ਗੋਇਲ ਨੇ ਅੱਜ ਪ੍ਰੈਸ ਕਾਨਫਰੰਸ ਦੌਰਾਨ ਵੇਰਵੇ ਸਾਂਝੇ ਕਰਦਿਆਂ ਦਸਿਆ ਕਿ ਤੀਜਾ ਮੁਲਜ਼ਮ ਫਰਾਰ ਏ ਅਤੇ ਪੁਲਿਸ ਉਸਦੀ ਭਾਲ ਕਰ ਰਹੀ ਏ । ਸ੍ਰੀ ਗੋਇਲ ਨੇ ਕਿਹਾ :RNU250226

ਗੁਰਦਾਸਪੁਰ ਵਿੱਚ ਅੰਤਰ-ਰਾਸ਼ਟਰੀ ਸਰਹੱਦ ਦੇ ਨੇੜੇ ਇੱਕ ਪਿੰਡ ਵਿੱਚ ਇੱਕ ਚੈੱਕ ਪੋਸਟ ਦੇ ਅੰਦਰ ਗੋਲੀਆਂ ਨਾਲ ਮ੍ਰਿਤਕ ਪਾਏ ਗਏ ਦੋ ਪੁਲਿਸ ਮੁਲਾਜ਼ਮਾਂ, ਸਹਾਇਕ ਸਬ ਇੰਸਪੈਕਟਰ ਗੁਰਨਾਮ ਸਿੰਘ ਅਤੇ ਹੋਮ ਗਾਰਡ ਅਸ਼ੋਕ ਕੁਮਾਰ ਦਾ ਬਾਅਦ ਵਿੱਚ ਪੁਲਿਸ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਉਨ੍ਹਾਂ ਨੂੰ ਪੰਜਾਬ ਸਰਕਾਰ ਨੇ ਵੀ ਸ਼ਹੀਦ ਐਲਾਨਿਆ ਏ ।

---------------------------------------------------

ਪੰਜਾਬ ਸਰਕਾਰ ਨੇ ਸੂਬੇ ਵਿੱਚ ਲੋੜੀਂਦੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਇੱਕ 'ਇਨਾਮ ਨੀਤੀ' ਨੋਟੀਫਾਈ ਕੀਤੀ ਏ ਜਿਸ ਵਿੱਚ ਭਗੌੜੇ, ਘੋਸ਼ਿਤ ਅਪਰਾਧੀ, ਆਦਤਨ ਅਪਰਾਧੀ ਅਤੇ ਜਾਣਬੁੱਝ ਕੇ

ਗ੍ਰਿਫ਼ਤਾਰੀ ਤੋਂ ਬਚਣ ਵਾਲੇ ਦੋਸ਼ੀ ਸ਼ਾਮਲ ਨੇ । ਇਨਾਮ ਦੀ ਰਕਮ ਇਕ ਲੱਖ ਰੁਪਏ ਤੋਂ ਲੈ ਕੇ 2 ਲੱਖ ਰੁਪਏ ਤੋਂ ਵੱਧ ਹੋਵੇਗੀ। ਰਾਜ ਮੰਤਰੀ ਮੰਡਲ ਵਲੋਂ ਮਨਜ਼ੂਰ ਕੀਤੀ ਗਈ, ਇਸ ਨੀਤੀ ਨਾਲ ਫੀਲਡ ਅਧਿਕਾਰੀ ਅਤੇ ਵਿੰਗਾਂ ਦੇ ਮੁਖੀ ਅਧਿਕਾਰਤ ਤੌਰ ‘ਤੇ ਉਨ੍ਹਾਂ ਲੋਕਾਂ ਜਿਨ੍ਹਾਂ ਵੱਲੋਂ ਦਿੱਤੀ ਗਈ ਜਾਣਕਾਰੀ ਨਾਲ ਅਪਰਾਧੀਆਂ ਦੀ ਗ੍ਰਿਫਤਾਰੀ ਹੁੰਦੀ ਏ , ਜਾਂ ਫਿਰ ਅਸਾਧਾਰਨ ਕਾਰਵਾਈਆਂ ਕਰਨ ਵਾਲੇ ਪੁਲਿਸ ਅਧਿਕਾਰੀਆਂ, ਕਰਮਚਾਰੀਆਂ ਨੂੰ ਇਨਾਮ ਦੇ ਸਕਣਗੇ।

ਜਾਣਕਾਰੀ ਪ੍ਰਦਾਨ ਕਰਨ ਵਾਲੇ ਲੋਕਾਂ ਦੀ ਪਛਾਣ ਹਰ ਗੇੜ 'ਤੇ ਸੁਰੱਖਿਅਤ ਰੱਖੀ ਜਾਵੇਗੀ। ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਕਿਹਾ ਕਿ ਇਹ ਨੀਤੀ ਲੋਕਾਂ ਨੂੰ ਅਪਰਾਧੀਆਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਅਤੇ ਪੰਜਾਬ ਨੂੰ ਸੁਰੱਖਿਅਤ ਬਣਾਉਣ ਵਿੱਚ ਮਦਦ ਕਰਨ ਲਈ ਪ੍ਰੇਰਿਤ ਕਰੇਗੀ।

---------------------------------------------------

ਫਾਜ਼ਿਲਕਾ 'ਚ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਦੀ ਟੀਮ ਨੇ 2 ਕਿਲੋ ਤੋਂ ਵੱਧ ਹੈਰੋਇਨ ਅਤੇ 3 ਪਿਸਤੌਲ ਸਮੇਤ ਇੱਕ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਏ । ਸੂਤਰਾਂ ਮੁਤਾਬਿਕ ਪੁਲਿਸ ਨੇ ਫਾਜ਼ਿਲਕਾ-ਜਲਾਲਾਬਾਦ ਸੜਕ ਤੇ ਗਸ਼ਤ ਦੌਰਾਨ ਪਿੰਡ ਬੱਘੇ ਕੇ ਉਤਾੜ ਕੋਲ ਬਿਨਾਂ ਨੰਬਰ ਵਾਲੇ

ਮੋਟਰਸਾਈਕਲ ‘ਤੇ ਆ ਰਹੇ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ ‘ਤੇ ਰੋਕਿਆ । ਉਸਦੇ ਬੈਗ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ ਚਾਰ ਪੈਕਟਾਂ ਵਿੱਚ ਬੰਦ 2 ਕਿਲੋ 102 ਗ੍ਰਾਮ ਹੈਰੋਇਨ ਤੇ ਪਿਸਤੌਲ ਬਰਾਮਦ ਹੋਏ। ਫੜੇ ਗਏ ਵਿਅਕਤੀ ਦੀ ਪਛਾਣ ਜ਼ਿਲ੍ਹਾ ਫਿਰੋਜ਼ਪੁਰ ਦੇ ਚੱਕ ਭੰਗੇਵਾਲਾ ਦੇ ਗੁਰਨਾਮ ਸਿੰਘ ਉਰਫ਼ ਗਾਮਾ ਵਜੋਂ ਹੋਈ ਏ। ਪੁਲਿਸ ਨੇ ਮੁਲਜ਼ਮ ਦਾ ਮੋਬਾਈਲ ਫ਼ੋਨ ਅਤੇ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਏ ।ਇਸ ਬਾਰੇ ਅਗਲੇਰੀ ਜਾਂਚ ਜਾਰੀ ਏ

----------------------------------------------------------

ਪੰਜਾਬ ਸਰਕਾਰ 6 ਸਾਲ ਦੇ ਬੱਚਿਆਂ ਦੇ ਸਰਵਪੱਖੀ ਵਿਕਾਸ ਅਤੇ ਮੁੱਢਲੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਢੁਕਵੇਂ ਕਦਮ ਚੁੱਕ ਰਹੀ ਏ।

ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਇਸੇ ਉਦੇਸ਼ ਦੀ ਪੂਰਤੀ ਲਈ ਸਰਕਾਰ ਵੱਲੋਂ ਆਂਗਨਵਾੜੀ ਵਰਕਰਾਂ ਅਤੇ ਆਂਗਨਵਾੜੀ ਹੈਲਪਰਾਂ ਦੀਆਂ ਕੁੱਲ 6110 ਅਸਾਮੀਆਂ ਭਰਨ ਲਈ ਆਨਲਾਈਨ ਅਰਜ਼ੀਆਂ ਮੰਗੀਆਂ ਗਈਆਂ ਨੇ। ਮੰਤਰੀ ਨੇ ਦੱਸਿਆ ਕਿ ਇਨਾ ਵਿੱਚੋਂ 1316 ਅਸਾਮੀਆਂ ਆਂਗਨਵਾੜੀ ਵਰਕਰਾਂ ਅਤੇ 4794 ਅਸਾਮੀਆਂ ਆਂਗਨਵਾੜੀ ਹੈਲਪਰਾਂ ਦੀਆਂ ਨੇ । ਉਨ੍ਹਾਂ ਕਿਹਾ ਕਿ ਯੋਗ ਉਮੀਦਵਾਰ 11 ਮਾਰਚ ਤੱਕ

ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਵਾ ਸਕਦੇ ਨੇ । ਉਨ੍ਹਾਂ ਦੱਸਿਆ ਕਿ ਪਹਿਲਾਂ ਇਨ੍ਹਾਂ ਅਸਾਮੀਆਂ ਲਈ ਅਰਜ਼ੀਆਂ ਦੇਣ ਦੀ ਆਖਰੀ ਤਰੀਕ 10 ਦਸੰਬਰ 2025 ਨਿਰਧਾਰਤ ਕੀਤੀ ਗਈ ਸੀ, ਜਿਸ ਵਿੱਚ ਹੁਣ ਵਾਧਾ ਕੀਤਾ ਗਿਆ ਏ । ਉਨ੍ਹਾਂ ਸਪਸ਼ਟ ਕੀਤਾ ਕਿ ਅਰਜ਼ੀਆਂ sswcd.punjab.gov.in ਲਿੰਕ ਰਾਹੀਂ, ਨਿਰਧਾਰਿਤ ਫਾਰਮੈਟ ਅਤੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਕੇਵਲ ਆਨਲਾਈਨ ਢੰਗ ਰਾਹੀਂ ਹੀ ਸਵੀਕਾਰ ਕੀਤੀਆਂ ਜਾਣਗੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਉਮੀਦਵਾਰਾਂ ਵੱਲੋਂ ਇਨ੍ਹਾਂ ਅਸਾਮੀਆਂ ਲਈ ਪਹਿਲਾਂ ਹੀ ਅਪਲਾਈ ਕੀਤਾ ਗਿਆ ਏ , ਉਨ੍ਹਾਂ ਨੂੰ ਮੁੜ ਤੋਂ ਅਰਜ਼ੀ ਦੇਣ ਦੀ ਲੋੜ ਨਹੀਂ।

---------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਮਨੀਪਾਲ ਯੂਨੀਵਰਸਿਟੀ ਜੈਪੁਰ ਵਿਖੇ ਹੋਈ ਮਰਦਾਂ ਦੀ ਆਲ ਇੰਡੀਆ ਇੰਟਰ-ਯੂਨੀਵਰਸਿਟੀ ਵਾਲੀਬਾਲ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ । ਫਾਈਨਲ ਮੁਕਾਬਲੇ ਵਿੱਚ, ਪੰਜਾਬ ਯੂਨੀਵਰਸਿਟੀ ਨੇ ਕੁਰੂਕਸ਼ੇਤਰ ਯੂਨੀਵਰਸਿਟੀ ਨੂੰ ਹਰਾਇਆ। ਟੀਮ ਨੂੰ ਵਧਾਈ ਦਿੰਦੇ ਹੋਏ, ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਕਿਹਾ ਕਿ ਅੱਜ, ਪੰਜਾਬ ਯੂਨੀਵਰਸਿਟੀ ਦੀ

ਵਾਲੀਬਾਲ ਟੀਮ ਨੇ 30 ਸਾਲਾਂ ਤੋਂ ਵੱਧ ਸਮੇਂ ਦੇ ਵਕਫ਼ੇ ਤੋਂ ਬਾਅਦ ਆਲ ਇੰਡੀਆ ਇੰਟਰ-ਯੂਨੀਵਰਸਿਟੀ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਤਗਮਾ ਜਿੱਤਿਆ ਏ। ਇਹ ਇਤਿਹਾਸਕ ਜਿੱਤ ਸਾਡੇ ਖਿਡਾਰੀਆਂ, ਕੋਚਾਂ ਅਤੇ ਸਹਾਇਕ ਸਟਾਫ ਦੀ ਸਖ਼ਤ ਮਿਹਨਤ ਨੂੰ ਦਰਸਾਉਂਦੀ ਏ।

ਖੇਡਾਂ ਬਾਰੇ ਡਾਇਰੈਕਟਰ ਡਾ. ਰਾਕੇਸ਼ ਮਲਿਕ ਨੇ ਕਿਹਾ ਕਿ ਇਹ ਜਿੱਤ ਪੀ.ਯੂ. ਲਈ ਇੱਕ ਮਹੱਤਵਪੂਰਨ ਪ੍ਰਾਪਤੀ ਏ।

---------------------------------------------------------------

• ਰੇਲਵੇ ਮੰਤਰਾਲੇ ਨੇ ਪਟਿਆਲਾ ਜ਼ਿਲ੍ਹੇ ਦੇ ਕੌਲੀ ਤੋਂ ਸਰਾਏ ਬੰਜਾਰਾ ਨੂੰ ਜੋੜਨ ਵਾਲੀ ਇੱਕ ਨਵੀਂ ਬਾਈਪਾਸ ਲਾਈਨ ਦੇ ਨਿਰਮਾਣ ਲਈ ਅੰਤਿਮ ਸਥਾਨ ਸਰਵੇਖਣ ਨੂੰ ਮਨਜ਼ੂਰੀ ਦਿੱਤੀ।

• ਫ਼ਸਲ ਖ਼ਰੀਦ ਸੰਬਧੀ ਮੰਤਰੀ ਸਮੂਹ ਨੇ ਆਉਂਦੇ ਕਣਕ ਸੀਜ਼ਨ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ- ਅਧਿਕਾਰੀਆਂ ਨੂੰ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼।

• ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵਲੋਂ ਹੋਲਾ-ਮੁਹੱਲਾ ਜਸ਼ਨਾਂ ਵਿਚ ਇਕੋ ਵਾਰ

ਇਸਤੇਮਾਲ ਹੋਣ ਵਾਲੇ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਦੀ ਅਪੀਲ ।

- ਜਲੰਧਰ ਦੇ ਪੀ.ਏ.ਪੀ. ਕੰਪਲੈਕਸ ਵਿਖੇ ਮੁੱਖ ਮੰਤਰੀ ਪਾਸਿੰਗ ਆਊਟ ਪਰੇਡ ਤੋਂ ਲਈ ਸਲਾਮੀ - 2 ਹਜ਼ਾਰ 577 ਜਵਾਨ ਪੰਜਾਬ ਪੁਲਿਸ ਵਿੱਚ ਸ਼ਾਮਲ ਹੋਏ।      ਅਤੇ

- ਪੰਜਾਬ ਪੁਲਿਸ ਨੇ ਗੁਰਦਾਸਪੁਰ ਵਿਚ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਮਾਮਲੇ 'ਚ ਇੱਕ ਮੁਲਜ਼ਮ ਨੂੰ ਮੁਕਾਬਲੇ ਦੌਰਾਨ ਮਾਰ ਮੁਕਾਇਆ -ਇਕ ਹੋਰ ਨੂੰ ਕੀਤਾ ਗ੍ਰਿਫ਼ਤਾਰ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**